ਦਫਤਰ: ਕਾਰਜਕਾਰੀ ਇੰਜੀਨੀਅਰ,ਉਸਾਰੀ ਮੰਡਲ ਨੰ: 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ.ਨਗਰ
(ਇੰਡਸਟਰੀਅਲ ਏਰੀਆ ਫੇਸ 1, ਨੇੜੇ ਪੁਲਿਸ ਥਾਣਾ ਫੇਸ 1, ਐਸ. ਏ. ਐਸ. ਨਗਰ)
E-mail: pwdc1mohali@gmail.com Tel / Fax: 0172-2225863

ਵੱਲ,

Principal,
Angels World School,
Morinda, Distt. Rupnagar.

ਮੀਮੋ ਨੰ: 3842 ਮਿਤੀ: 11/08/2026

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ (ਸਾਲ 2026-27) ਜਾਰੀ ਕਰਨ ਸਬੰਧੀ।**
**(Angels World School, Morinda Distt. Rupnagar)**

ਹਵਾਲਾ:- ਆਪ ਦੇ ਦਫਤਰ ਦਾ ਪੱਤਰ ਨੰ- AWS/3201 ਮਿਤੀ- 26.06.2026 ਦੇ ਸਬੰਧ ਵਿੱਚ।

ਉਪਰੋਕਤ ਵਿਸੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਲੋ.ਨਿ.ਵਿ ਭ ਤੇ ਮ ਸਾਖਾ, ਮੋਰਿੰਡਾ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ-5/13/2018-3BR3/1294287/3 ਮਿਤੀ-10.08.2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸਨ ਫੀਸ 10,000/- ਰੁਪਏ ਚਲਾਨ ਨੰ-24458933 ਮਿਤੀ-21.07.2026 ਰਾਹੀਂ ਜਮ੍ਹਾ ਕਰਵਾ ਦਿੱਤੀ ਗਈ ਹੈ। ਜਿਸ ਸਬੰਧ ਵਿੱਚ ਸਕੂਲ ਦਾ ਬਿਲਡਿੰਗ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਸਰਟੀਫਿਕੇਟ

**ਕਾਰਜਕਾਰੀ ਇੰਜੀਨੀਅਰ,**
**ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

ਪਿੱਠ ਅੰਕਣ ਨੰ- ਮਿਤੀ-

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਲੋ.ਨਿ.ਵਿ ਭ ਤੇ ਮ ਸ਼ਾਖਾ, ਮੋਰਿੰਡਾ ਨੂੰ ਉਨ੍ਹਾਂ ਦੇ ਦਫਤਰ ਦੇ ਮੀਮੋ ਨੰ- 376 ਮਿਤੀ- 23-07-26 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

**ਕਾਰਜਕਾਰੀ ਇੰਜੀਨੀਅਰ,**
**ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,**
**ਸਾਹਿਬਜਾਦਾ ਅਜੀਤ ਸਿੰਘ ਨਗਰ।**

# Building Safety Certificate

ਵਿਸ਼ਾ:- ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ ਸਾਲ 2026-27
(ਏਂਜਲਜ਼ ਵਰਲਡ ਸਕੂਲ, ਮੋਰਿੰਡਾ, ਜ਼ਿਲ੍ਹਾ-ਰੂਪਨਗਰ)

ਏਂਜਲਜ਼ ਵਰਲਡ ਸਕੂਲ, ਮੋਰਿੰਡਾ, ਜ਼ਿਲਾ-ਰੂਪਨਗਰ ਦੀ ਬਿਲਡਿੰਗ ਦਾ ਸਟਰੱਕਚਰਲ ਸਟੇਬਿਲਟੀ ਸਰਟੀਫਿਕੇਟ ਗੁਰਪ੍ਰੀਤ ਐਂਡ ਐਸੋਸੀਏਟ, ਰੋਪੜ ਦੇ ਪੱਤਰ ਨੰ. ਜਿਸ ਮਿਤੀ 20.07.2026 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 23.07.2026 ਨੂੰ ਕੁੱਝ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1) ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

2) ਜੇਕਰ ਬਿਲਡਿੰਗ ਨੂੰ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3) ਇਸ ਬਿਲਡਿੰਗ ਦਾ ਫਾਈਰ ਸੇਫਟੀ ਸਰਟੀਫਿਕੇਟ, ਪੰਜਾਬ ਫਾਈਰ ਐਂਡ ਐਮਰਜੈਂਸੀ ਸਰਵਿਸਿਜ, ਮੋਰਿੰਡਾ ਵਲੋਂ ਉਹਨਾਂ ਦੇ **NOC No. PBIP-(FIRE) 2026/4282** ਮਿਤੀ 21.03.2026 ਦੁਆਰਾ ਤਿੰਨ ਸਾਲ ਲਈ ਜਾਰੀ ਕੀਤਾ ਗਿਆ ਹੈ ਫਾਈਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4) ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ /ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

5) ਜੇਕਰ ਸਕੂਲ ਵਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

6) ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।

7) ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।

8) ਇਹ ਸਰਟੀਫਿਕੇਟਕਿਸੇ ਵੀ ਲੀਗਲਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

9) ਇਹ ਸਰਟੀਫਿਕੇਟ ਕੇਵਲ Visual Inspection ਦੇ ਆਧਾਰ ਤੇ ਕੇਵਲ Structural Safety ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, Equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

10) ਇਹ ਕਿ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2026-27 ਮਿਤੀ 31.03.2027 (ਇੱਕਤੀ ਮਾਰਚ ਦੋ ਹਜਾਰ ਸਤਾਈ) ਤੱਕ ਹੀ **valid** ਹੋਵੇਗਾ।

ਉਪ ਮੰਡਲ ਇੰਜੀਨੀਅਰ,
ਉਸਾਰੀ ਉਪ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਮੋਰਿੰਡਾ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ. 1, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ.ਨਗਰ।